**ਭੈਰਉ ਮਹਲਾ ੫ ॥ ਖੂਬੁ ਖੂਬੁ ਖੂਬੁ ਖੂਬੁ ਖੂਬੁ ਤੇਰੋ ਨਾਮੁ ॥ ਝੂਠੁ ਝੂਠੁ ਝੂਠੁ ਝੂਠੁ ਦੁਨੀ ਗੁਮਾਨੁ ॥੧॥ ਰਹਾਉ ॥ ਨਗਜ ਤੇਰੇ ਬੰਦੇ ਦੀਦਾਰੁ ਅਪਾਰੁ ॥ ਨਾਮ ਬਿਨਾ ਸਭ ਦੁਨੀਆ ਛਾਰੁ ॥੧ ॥ ਅਚਰਜੁ ਤੇਰੀ ਕੁਦਰਤਿ ਤੇਰੇ ਕਦਮ ਸਲਾਹ ॥ ਗਨੀਵ ਤੇਰੀ ਸਿਫਤਿ ਸਚੇ ਪਾਤਿਸਾਹ ॥੨ ॥ ਨੀਧਰਿਆ ਧਰ ਪਨਹ ਖੁਦਾਇ ॥ ਗਰੀਬ ਨਿਵਾਜੁ ਦਿਨੁ ਰੈਣਿ ਧਿਆਇ ॥੩ ॥ ਨਾਨਕ ਕਉ ਖੁਦਿ ਖਸਮ ਮਿਹਰਵਾਨ ॥ ਅਲਹੁ ਨ ਵਿਸਰੈ ਦਿਲ ਜੀਅ ਪਰਾਨ ॥੪ ॥੧੦॥ {ਪੰਨਾ 1137-1138}**

ਪਦਅਰਥ:- ਖੂਬੁ—ਸੋਹਣਾ, ਚੰਗਾ, ਮਿੱਠਾ। ਝੂਠੁ—ਛੇਤੀ ਮੁੱਕ ਜਾਣ ਵਾਲਾ। ਦੁਨੀ —ਦੁਨੀਆ ਦਾ। ਗੁਮਾਨੁ—ਮਾਣ।1। ਰਹਾਉ।

ਨਗਜ—ਨਗ਼ਜ਼, ਸੋਹਣੇ, ਸੁੰਦਰ। ਅਪਾਰੁ—ਬੇਅੰਤ (ਸੋਹਣਾ)। ਸਭ—ਸਾਰੀ। ਛਾਰੁ—ਸੁਆਹ (ਦੇ ਤੁੱਲ)।1।

ਅਚਰਜੁ—ਹੈਰਾਨ ਕਰਨ ਵਾਲਾ ਕੰਮ। ਕਦਮ —ਚਰਨ। ਸਲਾਹ —ਸਲਾਹੁਣ-ਜੋਗ। ਗਨੀਵ —ਗ਼ਨੀਮਤ, ਅਮੋਲਕ। ਸਚੇ—ਹੇ ਸਦਾ ਕਾਇਮ ਰਹਿਣ ਵਾਲੇ!।2।

ਨੀਧਰਿਆ ਧਰ —ਨਿਆਸਰਿਆਂ ਦਾ ਆਸਰਾ। ਪਨਹ —ਪਨਾਹ, ਓਟ। ਖੁਦਾਇ —ਪਰਮਾਤਮਾ। ਗਰੀਬ ਨਿਵਾਜੁ —ਗਰੀਬਾਂ ਉਤੇ ਮਿਹਰ ਕਰਨ ਵਾਲਾ। ਰੈਣਿ —ਰਾਤ। ਧਿਆਇ —ਸਿਮਰਿਆ ਕਰ।3।

ਨਾਨਕ ਕਉ —ਹੇ ਨਾਨਕ ! ਜਿਸ ਕਉ , ਹੇ ਨਾਨਕ ! ਜਿਸ ਮਨੁੱਖ ਉੱਤੇ। ਖੁਦਿ —ਖ਼ੁਦਿ, ਆਪ। ਅਲਹੁ—ਅੱਲ੍ਹਾ, ਪਰਮਾਤਮਾ। ਜੀਅ—ਜਿੰਦ ਤੋਂ।4।

ਅਰਥ:- ਹੇ ਪ੍ਰਭੂ ! ਤੇਰਾ ਨਾਮ ਸੋਹਣਾ ਹੈ , ਤੇਰਾ ਨਾਮ ਮਿੱਠਾ ਹੈ , ਤੇਰਾ ਨਾਮ ਚੰਗਾ ਹੈ। (ਪਰ ਹੇ ਭਾਈ!) ਦੁਨੀਆ ਦਾ ਮਾਣ ਝੂਠਾ ਹੈ , ਛੇਤੀ ਮੁੱਕ ਜਾਣ ਵਾਲਾ ਹੈ , ਦੁਨੀਆ ਦੇ ਮਾਣ ਦਾ ਕੀਹ ਭਰੋਸਾ?।1। ਰਹਾਉ।

ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲੇ ਬੰਦੇ ਸੋਹਣੇ ਹਨ, ਉਹਨਾਂ ਦਾ ਦਰਸਨ ਬੇਅੰਤ (ਅਮੋਲਕ) ਹੈ। ਹੇ ਪ੍ਰਭੂ! ਤੇਰੇ ਨਾਮ ਤੋਂ ਬਿਨਾ (ਜੀਵ ਵਾਸਤੇ) ਸਾਰੀ ਦੁਨੀਆ (ਦਾ ਧਨ-ਪਦਾਰਥ) ਸੁਆਹ (ਦੇ ਤੁੱਲ) ਹੈ।1।

ਹੇ ਪ੍ਰਭੂ! ਤੇਰੀ ਰਚੀ ਕੁਦਰਤਿ ਇਕ ਹੈਰਾਨ ਕਰਨ ਵਾਲਾ ਤਮਾਸ਼ਾ ਹੈ , ਤੇਰੇ ਚਰਨ ਸਲਾਹੁਣ-ਜੋਗ ਹਨ। ਹੇ ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! ਤੇਰੀ ਸਿਫ਼ਤਿ-ਸਾਲਾਹ (ਇਕ) ਅਮੋਲਕ (ਖ਼ਜ਼ਾਨਾ) ਹੈ।2।

ਹੇ ਭਾਈ! ਦਿਨ ਰਾਤ ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ, ਉਹ ਗਰੀਬਾਂ ਉੱਤੇ ਮਿਹਰ ਕਰਨ ਵਾਲਾ ਹੈ, ਉਹ ਨਿਆਸਰਿਆਂ ਦਾ ਆਸਰਾ ਹੈ (ਨਿਓਟਿਆਂ ਦੀ) ਓਟ ਹੈ।3।

ਹੇ ਨਾਨਕ! ਜਿਸ ਮਨੁੱਖ ਉੱਤੇ ਮਾਲਕ-ਪ੍ਰਭੂ ਆਪ ਦਇਆਵਾਨ ਹੁੰਦਾ ਹੈ, ਉਸ ਦੀ ਜਿੰਦ ਤੋਂ, ਉਸ ਦੇ ਦਿਲ ਤੋਂ, ਉਸ ਦੇ ਪ੍ਰਾਣਾਂ ਤੋਂ ਉਹ ਕਦੇ ਭੀ ਨਹੀਂ ਵਿਸਰਦਾ।4।10।